**ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ**

ਹੁਕਮ ਨੰ: 5/134-2014ਦਅ(5) ਕੋ:ਸੈਲ:3
ਮਿਤੀ, ਐਸ.ਏ.ਐਸ.ਨਗਰ :- 30.08.2016

ਸ਼੍ਰੀ ਗੁਰਮੀਤ ਸਿੰਘ, ਕਲਰਕ, ਸਹਸ ਮੰਡਿਆਣੀ, ਜ਼ਿਲਾ ਲੁਧਿਆਣਾ ਜੋ ਮਿਤੀ 15-12-08 ਤੋਂ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਚੱਲਿਆ ਆ ਰਿਹਾ ਹੈ, ਨੂੰ ਇਸ ਦਫਤਰ ਦੇ ਹੁਕਮ ਨੰ: 5/134-14 ਦਅ(5) ਮਿਤੀ 28-10-14 ਰਾਹੀਂ ਪੰਜਾਬ ਸਿਵਲ ਸੇਵਾਵਾਂ(ਦੰਡ ਅਤੇ ਅਪੀਲ) ਨਿਯਮਾਂਵਲੀ 1970 ਦੀ ਧਾਰਾ 8 ਦੇ ਨਿਯਮ 5(v-ix) ਅਧੀਨ ਦੋਸ਼ ਸੂਚੀ ਜਾਰੀ ਕੀਤੀ ਗਈ।

ਸ਼੍ਰੀ ਗੁਰਮੀਤ ਸਿੰਘ, ਕਲਰਕ, ਸਹਸ ਮੰਡਿਆਣੀ, ਜ਼ਿਲਾ ਲੁਧਿਆਣਾ ਵੱਲੋਂ ਦੋਸ਼ ਸੂਚੀ ਦਾ ਉਤਰ ਪ੍ਰਾਪਤ ਨਾ ਹੋਣ ਕਾਰਨ, ਉਸ ਵਿਰੁੱਧ ਦੋਸ਼ ਸੂਚੀ ਵਿਚ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਵਿਭਾਗ ਵਲੋਂ ਪ੍ਰਿੰਸੀਪਲ, ਸਰਕਾਰੀ ਇੰਨ ਸਰਵਿਸ ਟ੍ਰੇਨਿੰਗ ਸੈਂਟਰ, ਰੋਪੜ ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ। ਪੜਤਾਲੀਆ ਅਫਸਰ ਵੱਲੋਂ ਆਪਣੀ ਪੜਤਾਲ ਰਿਪੋਰਟ ਵਿੱਚ ਕਰਮਚਾਰੀ ਦੇ ਮਿਤੀ **ਦਸੰਬਰ** 2008 ਤੋਂ ਹੁਣ ਤੱਕ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਦਾ ਦੋਸ਼ ਸਿੱਧ ਕੀਤਾ।

ਕੁਦਰਤੀ ਨਿਆਂ ਨੂੰ ਮੁੱਖ ਰੱਖਦਿਆਂ ਹੋਇਆ ਸ਼੍ਰੀ ਗੁਰਮੀਤ ਸਿੰਘ, ਕਲਰਕ, ਸਹਸ ਮੰਡਿਆਣੀ, ਜ਼ਿਲਾ ਲੁਧਿਆਣਾ ਨੂੰ ਆਪਣੀ ਡਿਊਟੀ ਤੋਂ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਕਾਰਨ ਮਿਤੀ ਮਿਤੀ 30.07.16 ਨੂੰ " ਰੋਜਾਨਾ ਸਪੋਕਸਮੈਨ" ਵਿੱਚ ਪਬਲਿਕ ਨੋਟਿਸ ਦਿੱਤਾ ਗਿਆ ਜਿਸ ਵਿੱਚ ਲੜੀ ਨੰ: 6 ਤੇ ਕਰਮਚਾਰੀ ਦਾ ਨਾਮ ਦਰਸਾਇਆ ਗਿਆ। ਇਸ ਪਬਲਿਕ ਨੋਟਿਸ ਰਾਹੀਂ ਇਸ ਕਰਮਚਾਰਨ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿੱਚ ਜੇਕਰ ਕੁਝ ਕਹਿਣਾ ਚਾਹੁੰਦਾ ਹੈ ਤਾਂ 21 ਦਿਨਾਂ ਦੇ ਅੰਦਰ-ਅੰਦਰ ਆਪਣਾ ਉੱਤਰ ਦੇਵੇ। ਜੇਕਰ ਉਸ ਵੱਲੋਂ ਮਿੱਥੇ ਸਮੇਂ ਅੰਦਰ ਕੋਈ ਉੱਤਰ ਨਹੀਂ ਦਿੱਤਾ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁਝ ਨਹੀਂ ਕਹਿਣਾ ਚਾਹੁੰਦਾ ਅਤੇ ਉਸ ਵਿਰੁੱਧ ਆਰੰਭੀ ਅਨੁਸ਼ਾਸਨੀ ਕਾਰਵਾਈ ਨੂੰ ਮੁਕੰਮਲ ਕਰਦੇ ਹੋਏ ਉਸ ਦੀਆਂ ਸੇਵਾਵਾਂ ਪੰਜਾਬ ਸਿਵਲ ਸੇਵਾਵਾਂ(ਸਜ਼ਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5(viii) ਤਹਿਤ ਖਤਮ ਕਰ ਦਿੱਤੀਆਂ ਜਾਣਗੀਆਂ। ਪਰੰਤੂ ਇਸ ਨੋਟਿਸ ਦੇ ਜਵਾਬ ਵਿੱਚ ਕਰਮਚਾਰੀ ਨੇ ਨਾ ਤਾਂ ਕੋਈ ਉੱਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ(ਸੈਸਿ) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋਂ ਇਹ ਸਪਸ਼ਟ ਹੈ ਕਿ ਕਰਮਚਾਰੀ ਸਰਕਾਰੀ ਨੌਕਰੀ ਚਾਲੂ ਰੱਖਣ ਵਿੱਚ ਦਿਲਚਸਪੀ ਨਹੀਂ ਰੱਖਦਾ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਸ਼੍ਰੀ ਗੁਰਮੀਤ ਸਿੰਘ, ਕਲਰਕ, ਸਹਸ ਮੰਡਿਆਣੀ, ਜ਼ਿਲਾ ਲੁਧਿਆਣਾ ਦੇ ਮਿਤੀ **ਦਸੰਬਰ 2008** ਤੋਂ ਹੁਣ ਤੱਕ ਅਣਅਧਿਕਾਰਤ ਤੌਰ ਤੇ ਸਰਕਾਰੀ ਡਿਊਟੀ ਤੋਂ ਗੈਰਹਾਜਰ ਰਹਿਣ ਦੇ ਦੋਸ਼ ਕਾਰਨ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5 (VIII) ਅਧੀਨ ਇਸ ਦੀਆਂ ਸੇਵਾਵਾਂ ਤਤਕਾਲ ਸਮੇਂ ਤੋ ਖਤਮ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ

ਪਿਠ ਅੰਕਣ ਨੰ: ਉਕਤ/3355-58 ਮਿਤੀ, ਐਸ.ਏ.ਐਸ.ਨਗਰ :- 1/9/16

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਨਾਭਾ।
2. (ਰਜਿ) ਜਿਲਾ ਸਿੱਖਿਆ ਅਫਸਰ (ਸੈ:ਸਿ), ਲੁਧਿਆਣਾ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾ ਖਤਮ ਕਰਨ ਸਬੰਧੀ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲਬੱਧ ਕਰਵਾਈ ਜਾਵੇ। ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।
3. ਪ੍ਰਿੰਸੀਪਲ/ਮੁੱਖਅਧਿਆਪਕ, ਸਹਸ ਮੰਡਿਆਣੀ, ਜ਼ਿਲਾ ਲੁਧਿਆਣਾ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ। ਇਹ ਹੁਕਮ ਕਰਮਚਾਰਨ ਦੇ ਮੌਜੂਦਾ ਘਰ ਦੇ ਪੱਤੇ ਤੇ ਵੀ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ।
4. ਸ਼੍ਰੀ ਗੁਰਮੀਤ ਸਿੰਘ, ਕਲਰਕ, ਸਹਸ ਮੰਡਿਆਣੀ, ਜ਼ਿਲਾ ਲੁਧਿਆਣਾ ।

ਸੁਪਰਡੰਟ ਕੋਆਰਡੀਨੇਸ਼ਨ ਸੈਲ

**ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ**

ਹੁਕਮ ਨੰ:-.10/57-15 ਅ1(4) ਕੋ:ਸੈਲ:2
ਮਿਤੀ, ਐਸ.ਏ.ਐਸ.ਨਗਰ :- 30.08.2016

ਸ਼੍ਰੀਮਤੀ ਸ੍ਰੀ ਮਤੀ ਹਰਜਿੰਦਰ ਕੌਰ, ਲੈਕਚਰਾਰ ਅੰਗ੍ਰੇਜੀ, ਸਸਸਸ ਧਿਆਨਪੁਰ ਅਤੇ ਹੁਣ ਲੀਅਨ ਜਿਲਾ ਸਿਖਿਆ ਅਫਸਰ (ਸੈਸਿ) ਗੁਰਦਾਸਪੁਰ ਜੋ ਮਿਤੀ 13-04-09 ਤੋਂ ਮਿਤੀ 25.06.09 ਤੱਕ ਅਤੇ ਮੁੜ ਮਿਤੀ 07.09.09 ਤੋ ਹੁਣ ਤੱਕ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਚੱਲੀ ਆ ਰਹੀ ਹੈ, ਨੂੰ ਇਸ ਵਿਭਾਗ ਦੇ ਹੁਕਮ ਨੰ: 7/63/10-1ਸਿ2/983-84 ਮਿਤੀ 15-04-15 ਰਾਹੀਂ ਪੰਜਾਬ ਸਿਵਲ ਸੇਵਾਵਾਂ(ਦੰਡ ਅਤੇ ਅਪੀਲ) ਨਿਯਮਾਂਵਲੀ 1970 ਦੇ ਨਿਯਮ 8 ਅਧੀਨ ਦੋਸ਼ ਸੂਚੀ ਜਾਰੀ ਕੀਤੀ ਗਈ।

ਸ਼੍ਰੀਮਤੀ ਸ੍ਰੀ ਮਤੀ ਹਰਜਿੰਦਰ ਕੌਰ, ਲੈਕਚਰਾਰ ਅੰਗ੍ਰੇਜੀ, ਸਸਸਸ ਧਿਆਨਪੁਰ ਅਤੇ ਹੁਣ ਲੀਅਨ ਜਿਲਾ ਸਿਖਿਆ ਅਫਸਰ (ਸੈਸਿ) ਗੁਰਦਾਸਪੁਰ ਮੋਗਾ ਵੱਲੋਂ ਦੋਸ਼ ਸੂਚੀ ਦਾ ਉਤਰ ਪ੍ਰਾਪਤ ਨਾ ਹੋਣ ਕਾਰਨ, ਉਸ ਵਿਰੁੱਧ ਦੋਸ਼ ਸੂਚੀ ਵਿਚ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਵਿਭਾਗ ਦੇ ਹੁਕਮ ਨੰ: 7/63-10-1ਸਅ 2/958 ਮਿਤੀ 16.02.2011 ਰਾਹੀਂ ਸ੍ਰੀ ਮਤੀ ਪੰਕਜ ਸਰਮਾ ਡਿਪਟੀ ਡਾਇਰੈਕਟਰ (ਸੈਸਿ) ਦਫਤਰ ਡਾਇਰੈਕਟਰ ਸਿਖਿਆ ਵਿਭਾਗ(ਸੈਸਿ) ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ। ਪੜਤਾਲੀਆ ਅਫਸਰ ਵੱਲੋਂ ਆਪਣੀ ਪੜਤਾਲ ਰਿਪੋਰਟ ਵਿੱਚ ਕਰਮਚਾਰਨ ਦੇ ਮਿਤੀ 13-04-09 ਤੋਂ ਮਿਤੀ 25.06.09 ਤੱਕ ਅਤੇ ਮੁੜ ਮਿਤੀ 07.09.09 ਤੋਂ ਹੁਣ ਤੱਕ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਦਾ ਦੋਸ਼ ਸਿੱਧ ਕੀਤਾ।

ਕੁਦਰਤੀ ਨਿਆਂ ਨੂੰ ਮੁੱਖ ਰੱਖਦਿਆਂ ਹੋਇਆ ਸ਼੍ਰੀਮਤੀ ਸ੍ਰੀ ਮਤੀ ਹਰਜਿੰਦਰ ਕੌਰ, ਲੈਕਚਰਾਰ ਅੰਗ੍ਰੇਜੀ, ਸਸਸਸ ਧਿਆਨਪੁਰ ਅਤੇ ਹੁਣ ਲੀਅਨ ਜਿਲਾ ਸਿਖਿਆ ਅਫਸਰ (ਸੈਸਿ) ਗੁਰਦਾਸਪੁਰ ਨੂੰ ਆਪਣੀ ਡਿਊਟੀ ਤੋਂ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਕਾਰਨ ਮਿਤੀ 12.05.16 ਨੂੰ "ਦ ਟ੍ਰਿਬਿਊਨ" ਵਿੱਚ ਪਬਲਿਕ ਨੋਟਿਸ ਦਿੱਤਾ ਗਿਆ ਜਿਸ ਵਿੱਚ ਲੜੀ ਨੰ: 3 ਤੇ ਕਰਮਚਾਰਨ ਦਾ ਨਾਮ ਦਰਸਾਇਆ ਗਿਆ। ਇਸ ਪਬਲਿਕ ਨੋਟਿਸ ਰਾਹੀਂ ਇਸ ਕਰਮਚਾਰਨ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿੱਚ ਜੇਕਰ ਕੁਝ ਕਹਿਣਾ ਚਾਹੁੰਦੀ ਹੈ ਤਾਂ 21 ਦਿਨਾਂ ਦੇ ਅੰਦਰ-ਅੰਦਰ ਆਪਣਾ ਉੱਤਰ ਦੇਵੇ। ਜੇਕਰ ਉਸ ਵੱਲੋਂ ਮਿੱਥੇ ਸਮੇਂ ਅੰਦਰ ਕੋਈ ਉੱਤਰ ਨਹੀਂ ਦਿੱਤਾ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁਝ ਨਹੀਂ ਕਹਿਣਾ ਚਾਹੁੰਦੀ ਅਤੇ ਉਸ ਵਿਰੁੱਧ ਆਰੰਭੀ ਅਨੁਸ਼ਾਸਨੀ ਕਾਰਵਾਈ ਨੂੰ ਮੁਕੰਮਲ ਕਰਦੇ ਹੋਏ ਉਸ ਦੀਆਂ ਸੇਵਾਵਾਂ ਪੰਜਾਬ ਸਿਵਲ ਸੇਵਾਵਾਂ(ਸਜ਼ਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5(viii) ਤਹਿਤ ਖਤਮ ਕਰ ਦਿੱਤੀਆਂ ਜਾਣਗੀਆਂ। ਪਰੰਤੂ ਇਸ ਨੋਟਿਸ ਦੇ ਜਵਾਬ ਵਿੱਚ ਕਰਮਚਾਰਨ ਨੇ ਨਾ ਤਾਂ ਕੋਈ ਉੱਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ(ਸੈਸਿ) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋਂ ਇਹ ਸਪਸ਼ਟ ਹੈ ਕਿ ਕਰਮਚਾਰਨ ਸਰਕਾਰੀ ਨੌਕਰੀ ਚਾਲੂ ਰੱਖਣ ਵਿੱਚ ਦਿਲਚਸਪੀ ਨਹੀਂ ਰੱਖਦੀ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਸ਼੍ਰੀਮਤੀ ਸ੍ਰੀ ਮਤੀ ਹਰਜਿੰਦਰ ਕੌਰ, ਲੈਕਚਰਾਰ ਅੰਗ੍ਰੇਜੀ, ਸਸਸਸ ਧਿਆਨਪੁਰ ਅਤੇ ਹੁਣ ਲੀਅਨ ਜਿਲਾ ਸਿਖਿਆ ਅਫਸਰ (ਸੈਸਿ) ਗੁਰਦਾਸਪੁਰ ਦੇ ਮਿਤੀ 13-04-09 ਤੋਂ ਮਿਤੀ 25.06.09 ਤੱਕ ਅਤੇ ਮੁੜ ਮਿਤੀ 07.09.09 ਤੋਂ ਹੁਣ ਤੱਕ ਅਣਅਧਿਕਾਰਤ ਤੌਰ ਤੇ ਸਰਕਾਰੀ ਡਿਊਟੀ ਤੋਂ ਗੈਰਹਾਜਰ ਰਹਿਣ ਦੇ ਦੋਸ਼ ਕਾਰਨ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5 (VIII) ਅਧੀਨ ਇਸ ਦੀਆਂ ਸੇਵਾਵਾਂ ਤਤਕਾਲ ਸਮੇਂ ਤੋ ਖਤਮ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ

ਪਿਠ ਅੰਕਣ ਨੰ: ਉਕਤ 13307-16 ਮਿਤੀ, ਐਸ.ਏ.ਐਸ.ਨਗਰ :- 1/9/16

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਫਰੀਦਕੋਟ।
2. (ਰਜਿ) ਜਿਲਾ ਸਿੱਖਿਆ ਅਫਸਰ (ਸੈ:ਸਿ), ਗੁਰਦਾਸਪੁਰ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾ ਖਤਮ ਕਰਨ ਸਬੰਧੀ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲਬੱਧ ਕਰਵਾਈ ਜਾਵੇ। ਇਸ ਪੱਤਰ ਦੀ ਪਹੁੰਚ ਰਸੀਦ ਵੀ ਭੇਜੀ ਜਾਵੇ। ਇਹ ਹੁਕਮ ਕਰਮਚਾਰਨ ਦੇ ਮੌਜੂਦਾ ਘਰ ਦੇ ਪੱਤੇ ਤੇ ਵੀ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ।
3. ਪ੍ਰਿੰਸੀਪਲ/ਮੁੱਖਅਧਿਆਪਕ,ਸਸਸਸ ਧਿਆਨਪੁਰ ਜਿਲਾ ਗੁਰਦਾਸਪੁਰ।
4. ਸ਼੍ਰੀਮਤੀ ਸ੍ਰੀ ਮਤੀ ਹਰਜਿੰਦਰ ਕੌਰ, ਲੈਕਚਰਾਰ ਅੰਗ੍ਰੇਜੀ, ਸਸਸਸ ਧਿਆਨਪੁਰ ਅਤੇ ਹੁਣ ਲੀਅਨ ਜਿਲਾ ਸਿਖਿਆ ਅਫਸਰ (ਸੈਸਿ) ਗੁਰਦਾਸਪੁਰ ।

ਸੁਪਰਡੰਟ ਕੋਆਰਡੀਨੇਸ਼ਨ ਸੈਲ